# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 26-05-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ- 'ਮੇਕ ਇਨ ਇੰਡੀਆ' ਪਹਿਲ ਨਾਲ, ਵਿਕਸਤ ਭਾਰਤ ਨੂੰ ਮਜ਼ਬੂਤੀ ਮਿਲੇਗੀ - ਉਨ੍ਹਾਂ ਗੁਜਰਾਤ ਦੇ ਦਾਹੋਦ ਵਿੱਚ 24 ਹਜ਼ਾਰ ਕਰੋੜ ਰੁਪਏ ਦੇ ਕਈ ਵਿਕਾਸ ਪ੍ਰੋਜੈਕਟਾਂ ਦੀ ਕੀਤੀ ਸ਼ੁਰੂਆਤ।
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਪੰਜਾਬ ਅਤੇ ਚੰਡੀਗੜ੍ਹ ਦੇ ਲਈ ਮੁੱਖ ਪ੍ਰੋਜੈਕਟਾਂ ਨੂੰ ਅੱਗੇ ਵਧਾਉਣ ਦੇ ਲਈ, ਨਵੀਂ ਦਿੱਲੀ ਵਿੱਚ ਕੇਂਦਰੀ ਮੰਤਰੀਆਂ ਨਾਲ ਬੈਠਕ ਕੀਤੀ।
- ਪੰਜਾਬ ਵਿੱਚ, ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ, ਜੰਡਿਆਲਾ ਗੁਰੂ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਨਗਰ ਕੌਂਸਲਰ ਹਰਜਿੰਦਰ ਸਿੰਘ ਦੀ ਹੱਤਿਆ ਕਰਨ ਵਾਲੇ ਚਾਰ ਹਮਲਾਵਰਾਂ ਨੂੰ ਕੀਤਾ ਗ੍ਰਿਫ਼ਤਾਰ ।
- ਪੰਜਾਬ ਸਰਕਾਰ ਵਲੋਂ ਸੂਬੇ ਵਿਚ ਗਰਮੀ ਦੇ ਮੱਦੇਨਜ਼ਰ, 2 ਜੂਨ ਤੋਂ ਗਰਮੀਆਂ ਦੀਆਂ ਛੁੱਟੀਆਂ ਦਾ ਐਲਾਨ।

• ਮੌਸਮ ਵਿਭਾਗ ਨੇ ਅਗਲੇ ਦੋ ਤੋਂ ਤਿੰਨ ਦਿਨਾਂ ਦੌਰਾਨ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ ਗਰਜ ਨਾਲ ਬਿਜਲੀ ਲਿਸ਼ਕਣ ਅਤੇ ਤੇਜ਼ ਹਵਾਵਾਂ ਵਗਣ ਦੀ ਪੇਸ਼ੀਨਗੋਈ ਕੀਤੀ ਏ ।

• IPL ਕ੍ਰਿਕਟ ਵਿੱਚ ਅੱਜ ਪੰਜਾਬ ਕਿੰਗਜ਼ ਦਾ ਮੁਕਾਬਲਾ ਜੈਪੁਰ ਵਿੱਚ ਮੁੰਬਈ ਇੰਡੀਅਨਜ਼ ਨਾਲ ਹੋਵੇਗਾ ।

-----------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਆਪ੍ਰੇਸ਼ਨ ਸਿੰਦੂਰ ਸਿਰਫ਼ ਇੱਕ ਫੌਜੀ ਕਾਰਵਾਈ ਨਹੀਂ ਹੈ, ਸਗੋਂ ਭਾਰਤ ਦੇ ਲੋਕਾਂ ਦੀਆਂ ਕਦਰਾਂ-ਕੀਮਤਾਂ ਅਤੇ ਭਾਵਨਾਵਾਂ ਦਾ ਪ੍ਰਗਟਾਵਾ ਏ । ਉਨ੍ਹਾਂ ਇਹ ਗੱਲ ਗੁਜਰਾਤ ਦੇ ਦਾਹੋਦ ਵਿੱਚ ਇੱਕ ਜਨਤਕ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਹੀ । BYTE:

ਪ੍ਰਧਾਨ ਮੰਤਰੀ ਨੇ ਕਿਹਾ ਕਿ ਸਮੇਂ ਦੀ ਲੋੜ ਇਹ ਏ, ਕਿ ਭਾਰਤ ਨੂੰ ਵਿਕਸਤ ਰਾਸ਼ਟਰ ਬਣਾਉਣ ਲਈ, ਲੋੜੀਂਦੀ ਹਰ ਚੀਜ਼ ਦੇਸ਼ ਵਿੱਚ ਹੀ ਬਣਾਈ ਜਾਵੇ। BYTE:

ਸ਼੍ਰੀ ਮੋਦੀ ਨੇ ਕਿਹਾ ਕਿ ਸਾਲ 2014 ਵਿੱਚ ਅੱਜ ਦੇ ਹੀ ਦਿਨ, ਉਨ੍ਹਾਂ ਨੇ ਪਹਿਲੀ ਵਾਰ ਪ੍ਰਧਾਨ ਮੰਤਰੀ ਵਜੋਂ ਸਹੁੰ ਚੁੱਕੀ ਸੀ । ਪ੍ਰਧਾਨ ਮੰਤਰੀ ਮੋਦੀ ਨੇ ਲਗਭਗ 24 ਹਜ਼ਾਰ ਕਰੋੜ ਰੁਪਏ ਦੇ ਕਈ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ।

ਇਸ ਤੋਂ ਇਲਾਵਾ, ਸ਼੍ਰੀ ਮੋਦੀ ਨੇ ਗੁਜਰਾਤ ਸਰਕਾਰ ਦੇ ਰੇਲਵੇ ਅਤੇ ਹੋਰ ਖੇਤਰਾਂ ਨਾਲ ਸਬੰਧਤ ਕਈ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਵੀ ਕੀਤਾ।

---------------------------------------------------------------------------

ਪੰਜਾਬ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਵਿਕਾਸ ਏਜੰਡਾ ਨੂੰ ਤੇਜ਼ ਕਰਨ ਦੇ ਦ੍ਰਿੜ੍ਹ ਯਤਨਾਂ ਵਿੱਚ, ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸ਼ਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਨਵੀਂ ਦਿੱਲੀ ਵਿਚ ਕਈ ਕੇਂਦਰੀ ਮੰਤਰੀਆਂ ਨਾਲ ਬੈਠਕਾਂ ਕੀਤੀਆਂ। ਆਪਣੀ ਯਾਤਰਾ ਦੇ ਦੌਰਾਨ, ਰਾਜਪਾਲ ਨੇ ਕੇਂਦਰੀ ਮੰਤਰੀ ਨਿਤਿਨ ਗਡਕਰੀ, ਅਸ਼ਵਿਨੀ ਵੈਸ਼ਣਵ, ਮਨਸੁਖ ਮਾਂਡਵੀਯਾ, ਜਯੋਤਿਰਾਦਿੱਤਿਆ ਸਿੰਧੀਆ, ਸਮੇਤ ਹੋਰਨਾਂ ਮੰਤਰੀਆਂ ਨਾਲ ਵਿਚਾਰ-ਵਟਾਂਦਰਾ ਕੀਤਾ। ਬੈਠਕਾਂ ਵਿੱਚ ਸੜਕ ਅਤੇ ਰੇਲ ਸੰਪਰਕ ਨੂੰ ਬਿਹਤਰ ਬਣਾਉਣ, ਸ਼ਹਿਰੀ ਟ੍ਰਾਂਸਪੋਰਟ ਪ੍ਰਣਾਲੀਆਂ ਨੂੰ ਸੁਧਾਰਨ ਅਤੇ ਵਧਦੀ ਆਬਾਦੀ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਲਈ ਰਾਜਪਾਲ ਦੀ ਪ੍ਰਤੀਬੱਧਤਾ 'ਤੇ ਜ਼ੋਰ ਦਿੱਤਾ ਗਿਆ। ਨੌਜਵਾਨਾਂ ਦੇ ਲਈ ਰੋਜ਼ਗਾਰ ਦੇ ਅਵਸਰ ਵਧਾਉਣ ਅਤੇ ਸੈਰ ਸਪਾਟੇ ਤੇ ਖੇਡ ਖੇਤਰਾਂ ਵਿੱਚ ਸੰਭਾਵਨਾਵਾਂ ਨੂੰ ਖੋਲ੍ਹਣ 'ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ। ਇੱਕ ਪ੍ਰਮੁੱਖ ਏਜੰਡਾ

ਨਸ਼ਿਆਂ ਦੇ ਖ਼ਤਰੇ ਨਾਲ ਨਜਿੱਠਣਾ ਸੀ। ਰਾਜਪਾਲ ਨੇ ਨਿਗਰਾਨੀ ਨੂੰ ਮਜ਼ਬੂਤ ਕਰਨ, ਮੁਸ ਵਸੇਬਾ ਸੇਵਾਵਾਂ ਨੂੰ ਬਿਹਤਰ ਬਣਾਉਣ ਅਤੇ ਜਾਗਰੂਕਤਾ ਪ੍ਰੋਗਰਾਮਾਂ ਦਾ ਵਿਸਤਾਰ ਕਰਨ ਲਈ ਕੇਂਦਰੀ ਏਜੰਸੀਆਂ ਨਾਲ ਵਧੇਰੇ ਸਹਿਯੋਗ ਦੀ ਮੰਗ ਕੀਤੀ, ਵਿਸ਼ੇਸ਼ ਕਰਕੇ ਨੌਜਵਾਨਾਂ ਨੂੰ ਲਕਸ਼ਿਤ ਕਰਦੇ ਹੋਏ।

---

ਪੰਜਾਬ ਵਿੱਚ, ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ, ਜੰਡਿਆਲਾ ਗੁਰੂ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਨਗਰ ਕੌਂਸਲਰ ਹਰਜਿੰਦਰ ਸਿੰਘ ਬਾਹਮਣ ਦੀ ਗੋਲੀ ਮਾਰ ਕੇ ਹੱਤਿਆ ਕਰਨ ਵਾਲੇ ਚਾਰ ਹਮਲਾਵਰਾਂ ਨੂੰ ਗ੍ਰਿਫ਼ਤਾਰ ਕੀਤਾ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਅੱਜ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਇਸਦੀ ਪੁਸ਼ਟੀ ਕੀਤੀ ਏ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਦਾ ਪਿੱਛਾ ਕਰਦੇ ਸਮੇਂ, ਉਨ੍ਹਾਂ ਵਿੱਚੋਂ ਇੱਕ ਗੁਰਪ੍ਰੀਤ ਸਿੰਘ ਗੋਪੀ ਨੇ ਪੁਲਿਸ ਪਾਰਟੀ 'ਤੇ ਗੋਲੀਬਾਰੀ ਕੀਤੀ। ਪੁਲਿਸ ਨੇ ਸਵੈ-ਰੱਖਿਆ ਵਿੱਚ ਜਵਾਬੀ ਕਾਰਵਾਈ ਕੀਤੀ, ਜਿਸ ਵਿੱਚ ਗੋਪੀ ਦੀ ਲੱਤ 'ਤੇ ਸੱਟ ਲੱਗੀ। ਮੁਲਜ਼ਮ ਨੂੰ ਪਿਸਤੌਲ ਸਮੇਤ ਗ੍ਰਿਫ਼ਤਾਰ ਕਰ ਲਿਆ ਗਿਆ ਅਤੇ ਅੰਮ੍ਰਿਤਸਰ ਦੇ ਸਿਵਲ ਹਸਪਤਾਲ ਭੇਜਿਆ ਗਿਆ ਏ। ਪੁਲਿਸ ਮੁਖੀ ਨੇ ਕਿਹਾ ਕਿ ਪੁਲਿਸ, ਇੱਕ ਵਿਦੇਸ਼ੀ ਵਿਅਕਤੀ ਨਾਲ ਜੁੜੇ ਇੱਕ ਸੰਗਠਿਤ ਅਪਰਾਧ ਨੈੱਟਵਰਕ ਨੂੰ ਖਤਮ

ਕਰਨ ਵਿੱਚ ਸਫਲ ਰਹੀ ਏ । ਅਗਲੇਰੀ ਜਾਂਚ ਜਾਰੀ ਏ । ਇਸੇ ਦੌਰਾਨ ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦਸਿਆ । **BYTE:**

ਜ਼ਿਕਰਯੋਗ ਏ ਕਿ ਕੌਂਸਲਰ ਹਰਜਿੰਦਰ ਸਿੰਘ ਨੂੰ ਪਹਿਲਾਂ ਵੀ ਧਮਕੀਆਂ ਮਿਲ ਰਹੀਆਂ ਸਨ। ਕੱਲ੍ਹ ਜਦੋਂ ਉਹ ਅੰਮ੍ਰਿਤਸਰ ਦੇ ਇੱਕ ਬਾਜ਼ਾਰ ਵਿੱਚ ਸੀ ਤਾਂ ਮੋਟਰਸਾਈਕਲ ਸਵਾਰ ਹਮਲਾਵਰਾਂ ਨੇ ਉਨ੍ਹਾਂ ਨੂੰ ਗੋਲੀ ਮਾਰ ਦਿੱਤੀ ਸੀ। ਇਸ ਦੌਰਾਨ, ਸੀਨੀਅਰ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਨੇ ਕਿਹਾ ਏ, ਕਿ ਸੂਬੇ ਵਿੱਚ ਮੌਜੂਦਾ ਆਮ ਆਦਮੀ ਪਾਰਟੀ ਸਰਕਾਰ ਦੌਰਾਨ, ਕਾਨੂੰਨ ਵਿਵਸਥਾ ਦੀ ਸਥਿਤੀ ਵਿਗੜ ਗਈ ਏ । ਉਨ੍ਹਾਂ ਕਿਹਾ ਕਿ ਕੁਝ ਦਿਨ ਪਹਿਲਾਂ ਨਕਾਬਪੋਸ਼ ਵਿਅਕਤੀਆਂ ਨੇ, ਕੌਂਸਲਰ ਦੇ ਘਰ 'ਤੇ ਗੋਲੀਬਾਰੀ ਕੀਤੀ ਸੀ, ਉਸ ਸਮੇਂ ਵੀ ਕੌਂਸਲਰ ਨੇ ਪੁਲਿਸ ਕੋਲ ਸ਼ਿਕਾਇਤ ਦਰਜ ਕਰਵਾਈ ਸੀ । ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਇਸ ਕਤਲ ਦੀ ਨਿੰਦਾ ਕਰਦੇ ਹੋਏ ਕਿਹਾ ਏ ਕਿ ਇਹ ਪੰਜਾਬ ਵਿੱਚ ਵਿਗੜਦੀ ਕਾਨੂੰਨ ਵਿਵਸਥਾ ਦੀ ਸਥਿਤੀ ਨੂੰ ਦਰਸਾਉਂਦਾ ਏ । ਅਪਰਾਧੀਆਂ ਨੂੰ ਕਾਨੂੰਨ ਦਾ ਕੋਈ ਡਰ ਨਹੀਂ ਏ ਜਾਂ ਫਿਰ ਉਨ੍ਹਾਂ ਨੂੰ ਸ਼ੈਅ ਦਿੱਤੀ ਜਾ ਰਹੀ ਏ । ਉਨ੍ਹਾਂ ਕਿਹਾ ਕਿ ਮੌਜੂਦਾ ਪ੍ਰਬੰਧ ਪੰਜਾਬ ਨੂੰ

ਪੂਰੀ ਤਰ੍ਹਾਂ ਅਰਾਜਕਤਾ ਵੱਲ ਧੱਕ ਰਿਹਾ ਏ ।

------------------------------------------------------------------------

ਪੰਜਾਬ ਵਿੱਚ, ਪੈ ਰਹੀ ਗਰਮੀ ਦੇ ਮੱਦੇਨਜ਼ਰ, ਸੂਬਾ ਸਰਕਾਰ ਨੇ 2 ਜੂਨ ਤੋਂ ਗਰਮੀਆਂ ਦੀਆਂ ਛੁੱਟੀਆਂ ਕਰਨ ਦਾ ਫੈਸਲਾ ਕੀਤਾ ਏ । ਸਿੱਖਿਆ ਮੰਤਰੀ, ਹਰਜੋਤ ਸਿੰਘ ਬੈਂਸ ਨੇ ਐਲਾਨ ਕੀਤਾ ਏ ਕਿ ਸਾਰੇ ਸਰਕਾਰੀ, ਸਰਕਾਰੀ ਸਹਾਇਤਾ ਪ੍ਰਾਪਤ, ਮਾਨਤਾ ਪ੍ਰਾਪਤ ਅਤੇ ਨਿੱਜੀ ਸਕੂਲ 2 ਜੂਨ ਤੋਂ 30 ਜੂਨ ਤੱਕ ਬੰਦ ਰਹਿਣਗੇ ।

------------------------------------------------------------------------

ਪੰਜਾਬ ਸਰਕਾਰ ਨੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੇ ਸੁਪਨਿਆਂ ਨੂੰ ਪਰਵਾਜ਼ ਦੇਣ ਲਈ ਇਕ ਵਿਸ਼ੇਸ਼ ਪਹਿਲ 'ਇਕ ਦਿਨ ਡੀ.ਸੀ. , ਸੀ.ਪੀ.ਦੇ ਸੰਗ' ਦੀ ਸ਼ੁਰੂਆਤ ਕੀਤੀ ਏ । ਇਸ ਤਹਿਤ ਜਲੰਧਰ ਜ਼ਿਲ੍ਹੇ ਦੀਆਂ ਟੌਪਰ ਵਿਦਿਆਰਥਣਾਂ ਦੇ ਦੋ ਸਮੂਹਾਂ ਨੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਅਤੇ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨਾਲ ਇਕ ਦਿਨ ਬਿਤਾਇਆ । ਇਸ ਪਹਿਲ ਬਾਰੇ ਵੇਧਰੇ ਜਾਣਕਾਰੀ ਸਾਂਝੀ ਕਰਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦਸਿਆ ।**BYTE:** ਇਸ ਦੌਰਾਨ ਉਨ੍ਹਾਂ ਨੇ ਦੋਹਾਂ ਆਈ.ਏ.ਐਸ. ਅਤੇ ਆਈ.ਪੀ.ਐਸ. ਅਧਿਕਾਰੀਆਂ ਵਲੋਂ ਨਿਭਾਈਆਂ ਜਾਣ ਵਾਲੀਆਂ ਡਿਊਟੀਆਂ ਬਾਰੇ

ਜਾਣਕਾਰੀ ਹਾਸਿਲ ਕੀਤੀ,ਨਾਲ ਹੀ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਅਤੇ ਪ੍ਰੋਗਰਾਮਾਂ ਬਾਰੇ ਵੀ ਸਿੱਧੇ ਤੌਰ ’ਤੇ ਜਾਣੂ ਹੁੰਦਿਆਂ ਦਫ਼ਤਰੀ ਕੰਮ-ਕਾਜ ਨੂੰ ਕਰੀਬ ਤੋਂ ਜਾਣਿਆ। ਇਸ ਦੌਰਾਨ ਉਨ੍ਹਾਂ ਨੂੰ ਵੱਖ-ਵੱਖ ਵਿਭਾਗਾਂ ਦੇ ਕੰਮ-ਕਾਜ, ਕਾਰਜਪ੍ਰਣਾਲੀ ਅਤੇ ਡਿਪਟੀ ਕਮਿਸ਼ਨਰ ਦਫ਼ਤਰ ਵਲੋਂ ਉਨ੍ਹਾਂ ਦੇ ਨਿਰੀਖਣ ਦੀ ਪ੍ਰਕਿਰਿਆ ਤੋਂ ਜਾਣੂ ਕਰਵਾਇਆ ਗਿਆ ਅਤੇ ਪੁਲਿਸ ਕਮਿਸ਼ਨਰ ਨੇ ਵਿਦਿਆਰਥਣਾਂ ਨੂੰ ਸੁਰੱਖਿਆ ਵਿਵਸਥਾ, ਕਮਿਊਨਟੀ ਪੁਲਸਿੰਗ ਤੇ ਪੁਲਿਸ ਦੇ ਕੰਮ-ਕਾਜ ਬਾਰੇ ਬੜੀ ਬਾਰੀਕੀ ਨਾਲ ਦੱਸਿਆ। ਓਧਰ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਵੀ ਦਸਵੀਂ ਵਿਚ ਮੋਹਰੀ ਸਥਾਨ ਪ੍ਰਾਪਤ ਕਰਨ ਵਾਲੇ ਬੱਚਿਆਂ ਨਾਲ ਪੂਰਾ ਦਿਨ ਬਤੀਤ ਕਰਕੇ ਉਨ੍ਹਾਂ ਦੇ ਸੁਪਨਿਆਂ ਨੂੰ ਨਵੀਂ ਪਰਵਾਜ਼ ਦਿੱਤੀ।

---------------------------------------------------------------------------

ਪੰਜਾਬ ਯੂਨੀਵਰਸਿਟੀ ਦੇ ਸਾਬਕਾ ਵਾਈਸ ਚਾਂਸਲਰ ਅਤੇ ਪ੍ਰੋਫੈਸਰ ਐਮਰੀਟਸ, ਪਦਮ ਭੂਸ਼ਣ ਪ੍ਰੋਫੈਸਰ ਆਰ.ਪੀ. ਬਾਮਬਾਹ ਦਾ ਅੱਜ ਦੇਹਾਂਤ ਹੋ ਗਿਆ । ਉਹ 99 ਸਾਲ ਦੇ ਸਨ। ਪੰਜਾਬ ਯੂਨੀਵਰਸਿਟੀ ਨੇ ਉਨ੍ਹਾਂ ਦੇ ਦੇਹਾਂਤ 'ਤੇ ਸੋਗ ਮਨਾਉਣ ਲਈ

ਇੱਕ ਸ਼ੋਕ ਸਭਾ ਦਾ ਆਯੋਜਨ ਕੀਤਾ। ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ, ਮੌਜੂਦਾ ਪੰਜਾਬ ਯੂਨੀਵਰਸਿਟੀ ਵਾਈਸ ਚਾਂਸਲਰ ਪ੍ਰੋ. ਰੇਣੂ ਵਿਗ ਨੇ ਉਨ੍ਹਾਂ ਨੂੰ ਵਿਸ਼ਵ ਪੱਧਰ 'ਤੇ ਪ੍ਰਸਿੱਧ ਗਣਿਤ-ਸ਼ਾਸਤਰੀ, ਭਾਰਤੀ ਅਕਾਦਮਿਕ ਖੇਤਰ ਵਿੱਚ ਇੱਕ ਉੱਚੀ ਸ਼ਖਸੀਅਤ ਅਤੇ ਪੰਜਾਬ ਯੂਨੀਵਰਸਿਟੀ ਦੇ ਸਭ ਤੋਂ ਪ੍ਰਸਿੱਧ ਸਾਬਕਾ ਵਾਈਸ ਚਾਂਸਲਰਾਂ ਵਿੱਚੋਂ ਇੱਕ ਦੱਸਿਆ। ਸਿੱਖਿਆ ਦੀ ਪਰਿਵਰਤਨਸ਼ੀਲ ਸ਼ਕਤੀ ਵਿੱਚ ਉਨ੍ਹਾਂ ਦਾ ਵਿਸ਼ਵਾਸ ਅਕਾਦਮਿਕ ਭਾਈਚਾਰੇ ਲਈ ਇੱਕ ਮਾਰਗ-ਦਰਸ਼ਕ ਚਾਨਣ ਮੁਨਾਰਾ ਬਣਿਆ ਹੋਇਆ ਏ। ਉਨ੍ਹਾਂ ਦੇ ਪਰਿਵਾਰ, ਵਿਦਿਆਰਥੀਆਂ, ਸਹਿਯੋਗੀਆਂ ਅਤੇ ਪ੍ਰਸ਼ੰਸਕਾਂ ਨਾਲ ਦਿਲੋਂ ਸੰਵੇਦਨਾ ਪ੍ਰਗਟ ਕਰਦੇ ਹੋਏ, ਪ੍ਰੋ. ਵਿਗ ਨੇ ਕਿਹਾ ਕਿ ਉਨ੍ਹਾਂ ਦੇ ਦੇਹਾਂਤ ਨਾਲ, ਅਸੀਂ ਇੱਕ ਦਿੱਗਜ ਨੂੰ ਗੁਆ ਦਿੱਤਾ ਏ - ਪਰ ਉਨ੍ਹਾਂ ਦੀ ਵਿਰਾਸਤ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਡੇ ਮਾਰਗ ਨੂੰ ਰੌਸ਼ਨ ਕਰਦੀ ਰਹੇਗੀ। ਸਾਬਕਾ ਵਾਈਸ ਚਾਂਸਲਰ ਪ੍ਰੋ. ਅਰੁਣ ਕੇ. ਗਰੋਵਰ ਨੇ ਕਿਹਾ ਕਿ ਪ੍ਰੋ. ਬਾਮਬਾਹ ਬਹੁਤ ਸਾਰੇ ਲੋਕਾਂ ਲਈ ਇੱਕ ਸਲਾਹਕਾਰ ਸਨ, ਅਤੇ ਉਨ੍ਹਾਂ ਦੇ ਦ੍ਰਿਸ਼ਟੀਕੋਣ ਅਤੇ ਕਦਰਾਂ-ਕੀਮਤਾਂ ਨੇ ਦਹਾਕਿਆਂ ਤੱਕ ਪੰਜਾਬ ਯੂਨੀਵਰਸਿਟੀ ਦੇ ਅਕਾਦਮਿਕ ਸੱਭਿਆਚਾਰ ਨੂੰ ਆਕਾਰ ਦਿੱਤਾ ਏ।

---------------------------------------------------------------------

ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ TB ਦੇ ਖਾਤਮੇ ਬਾਰੇ ਰਾਸ਼ਟਰੀ ਪ੍ਰੋਗਰਾਮ ਤਹਿਤ ਬੀ-ਪਾਲ ਰੈਜੀਮੈਨ ਸਿਖਲਾਈ ਸੈਸ਼ਨ ਦਾ ਉਦਘਾਟਨ ਕੀਤਾ। ਪਟਿਆਲਾ ਸਥਿਤ ਟੀ.ਬੀ ਹਸਪਤਾਲ, ਵਿਖੇ ਸਿਖਲਾਈ ਪ੍ਰੋਗਰਾਮ ’ਚ ਸੂਬੇ ਭਰ ਦੇ ਟੀ.ਬੀ. ਨੋਡਲ ਅਫ਼ਸਰਾਂ ਨੇ ਸ਼ਮੂਲੀਅਤ ਕਰਕੇ ਬੀ-ਪਾਲ ਰੈਜੀਮੈਨ ਨਾਲ ਟੀ.ਬੀ. ਦੀ ਬਿਮਾਰੀ ਵਿੱਚ ਹੋਣ ਵਾਲੇ ਸੁਧਾਰਾਂ ’ਤੇ ਚਰਚਾ ਕੀਤੀ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਸਿਹਤ ਵਿਭਾਗ ਦਾ ਟੀਚਾ ਸੂਬੇ ਨੂੰ ਟੀ.ਬੀ. ਮੁਕਤ ਕਰਨ ਦਾ ਏ ਅਤੇ ਬੀ-ਪਾਲ ਰੈਜੀਮੈਨ ਇਸ ਟੀਚੇ ਦੀ ਪ੍ਰਾਪਤ ਵਿੱਚ ਅਹਿਮ ਭੂਮਿਕਾ ਨਿਭਾਏਗੀ। ਉਨ੍ਹਾਂ ਕਿਹਾ ਕਿ ਸਿਖਲਾਈ ਨੂੰ ਦੁਵੱਲੀ ਵਾਰਤਾ ਅਤੇ ਹੱਲ-ਮੁਖੀ ਬਣਾਉਣ ਲਈ ਤਿਆਰ ਕੀਤਾ ਗਿਆ ਏ , ਜਿਸ ਦਾ ਉਦੇਸ਼ ਟੀ.ਬੀ ਅਧਿਕਾਰੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਲੋੜੀਂਦੇ ਗਿਆਨ ਅਤੇ ਸਾਧਨਾਂ ਨਾਲ ਲੈਸ ਕਰਨਾ ਏ । ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਪਹਿਲਾਂ, ਮਲਟੀ ਡਰੱਗ-ਰੋਧਕ ਟੀ.ਬੀ , ਜਿਸ ਨੂੰ ਆਮ ਤੌਰ 'ਤੇ 'ਬੜੀ ਟੀਬੀ' ਕਿਹਾ ਜਾਂਦਾ ਏ , ਤੋਂ ਪੀੜਤ ਮਰੀਜ਼ਾਂ ਨੂੰ 18 ਤੋਂ 20 ਮਹੀਨਿਆਂ ਤੱਕ ਚੱਲਣ ਵਾਲਾ ਇੱਕ ਲੰਮਾ ਅਤੇ ਮੁਸ਼ਕਲ ਇਲਾਜ ਕੋਰਸ ਕਰਨਾ ਪੈਂਦਾ ਸੀ, ਲੰਮਾ ਇਲਾਜ ਹੋਣ ਕਾਰਨ ਕਈ ਵਾਰ ਮਰੀਜ਼ ਕੋਰਸ ਪੂਰਾ ਨਹੀਂ ਕਰਦਾ ਸੀ, ਜਿਸ ਕਾਰਨ ਮਰੀਜ਼ ’ਤੇ

ਮਾੜੇ ਪ੍ਰਭਾਵ ਹੁੰਦੇ ਸਨ। ਉਨ੍ਹਾਂ ਕਿਹਾ ਕਿ ਬੀ-ਪਾਲ ਤਕਨੀਕ ਦਾ ਲਾਭ ਸੂਬੇ ਦੇ  ਟੀ.ਬੀ. ਮਰੀਜ਼ਾਂ ਨੂੰ ਸਿੱਧਾ ਅਤੇ ਤੁਰੰਤ ਮਿਲੇਗਾ। ਉਨ੍ਹਾਂ ਕਿਹਾ ਕਿ "ਟੀ.ਬੀ ਸਿਰਫ਼ ਫੇਫੜਿਆਂ ਨੂੰ ਪ੍ਰਭਾਵਿਤ ਨਹੀਂ ਕਰਦੀ - ਸਗੋਂ ਪੂਰੇ ਸਰੀਰ ਨੂੰ ਪ੍ਰਭਾਵਿਤ ਕਰਦੀ ਏ । ਇਸ ਦੌਰਾਨ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਟੀ.ਬੀ. ਦੇ ਦੋ ਮਰੀਜ਼ਾਂ ਨੂੰ ਬੀ-ਪਾਲ ਤਕਨੀਕ ਨਾਲ ਇਲਾਜ ਕਰਨ ਦੀ ਸ਼ੁਰੂਆਤ ਕੀਤੀ। ਇਸ ਮੌਕੇ ਉਨ੍ਹਾਂ ਟੀ.ਬੀ. ਹਸਪਤਾਲ ਵਿਖੇ ਇਲਾਜ ਕਰਵਾਉਣ ਆਏ ਮਰੀਜ਼ਾਂ ਨਾਲ ਗੱਲਬਾਤ ਕੀਤੀ।

---------------------------------------------------------------------

ਮੌਸਮ ਵਿਭਾਗ ਨੇ ਅਗਲੇ ਦੋ ਤੋਂ ਤਿੰਨ ਦਿਨਾਂ ਦੌਰਾਨ ਪੰਜਾਬ, ਹਰਿਆਣਾ, ਚੰਡੀਗੜ੍ਹ, ਅਤੇ ਹਿਮਾਚਲ ਪ੍ਰਦੇਸ਼, ਵਿੱਚ ਗਰਜ ਨਾਲ ਬਿਜਲੀ ਲਿਸ਼ਕਣ ਅਤੇ ਤੇਜ਼ ਹਵਾਵਾਂ ਵਗਣ ਦੀ ਪੇਸ਼ੀਨਗੋਈ ਕੀਤੀ ਏ।

---------------------------------------------------------------------

IPL ਕ੍ਰਿਕਟ ਵਿੱਚ ਅੱਜ ਪੰਜਾਬ ਕਿੰਗਜ਼ ਦਾ ਮੁਕਾਬਲਾ ਜੈਪੁਰ ਵਿੱਚ ਮੁੰਬਈ ਇੰਡੀਅਨਜ਼ ਨਾਲ ਹੋਵੇਗਾ।   ਇਹ ਮੈਚ ਸ਼ਾਮੀ ਸਾਡੇ ਸੱਤ ਵਜੇ ਖੇਡਿਆ ਜਾਵੇਗਾ ।

---------------------------------------------------------------------

• ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ- 'ਮੇਕ ਇਨ ਇੰਡੀਆ' ਪਹਿਲ ਨਾਲ, ਵਿਕਸਤ ਭਾਰਤ ਨੂੰ ਮਜ਼ਬੂਤੀ ਮਿਲੇਗੀ - ਉਨ੍ਹਾਂ ਗੁਜਰਾਤ ਦੇ ਦਾਹੋਦ ਵਿੱਚ 24 ਹਜ਼ਾਰ ਕਰੋੜ ਰੁਪਏ ਦੇ ਕਈ ਵਿਕਾਸ ਪ੍ਰੋਜੈਕਟਾਂ ਦੀ ਕੀਤੀ ਸ਼ੁਰੂਆਤ ।

• ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਪੰਜਾਬ ਅਤੇ ਚੰਡੀਗੜ੍ਹ ਦੇ ਲਈ ਮੁੱਖ ਪ੍ਰੋਜੈਕਟਾਂ ਨੂੰ ਅੱਗੇ ਵਧਾਉਣ ਦੇ ਲਈ, ਨਵੀਂ ਦਿੱਲੀ ਵਿੱਚ ਕੇਂਦਰੀ ਮੰਤਰੀਆਂ ਨਾਲ ਬੈਠਕ ਕੀਤੀ ।

• ਪੰਜਾਬ ਵਿੱਚ, ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ, ਜੰਡਿਆਲਾ ਗੁਰੂ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਨਗਰ ਕੌਂਸਲਰ ਹਰਜਿੰਦਰ ਸਿੰਘ ਦੀ ਹੱਤਿਆ ਕਰਨ ਵਾਲੇ ਚਾਰ ਹਮਲਾਵਰਾਂ ਨੂੰ ਕੀਤਾ ਗ੍ਰਿਫ਼ਤਾਰ ।

• ਪੰਜਾਬ ਸਰਕਾਰ ਵਲੋਂ ਸੂਬੇ ਵਿਚ ਗਰਮੀ ਦੇ ਮੱਦੇਨਜ਼ਰ, 2 ਜੂਨ ਤੋਂ ਗਰਮੀਆਂ ਦੀਆਂ ਛੁੱਟੀਆਂ ਦਾ ਐਲਾਨ ।

• ਮੌਸਮ ਵਿਭਾਗ ਨੇ ਅਗਲੇ ਦੋ ਤੋਂ ਤਿੰਨ ਦਿਨਾਂ ਦੌਰਾਨ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ ਗਰਜ ਨਾਲ ਬਿਜਲੀ ਲਿਸ਼ਕਣ ਅਤੇ ਤੇਜ਼ ਹਵਾਵਾਂ ਵਗਣ ਦੀ ਪੇਸ਼ੀਨਗੋਈ ਕੀਤੀ ਏ ।

• IPL ਕ੍ਰਿਕਟ ਵਿੱਚ ਅੱਜ ਪੰਜਾਬ ਕਿੰਗਜ਼ ਦਾ ਮੁਕਾਬਲਾ ਜੈਪੁਰ ਵਿੱਚ ਮੁੰਬਈ ਇੰਡੀਅਨਜ਼ ਨਾਲ ਹੋਵੇਗਾ ।

ਇਸਦੇ ਨਾਲ ਪ੍ਰਦੇਸ਼ਕ

ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ,,,,, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !